**ਭੈਰਉ ਬਾਣੀ ਰਵਿਦਾਸ ਜੀਉ ਕੀ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਬਿਨੁ ਦੇਖੇ ਉਪਜੈ ਨਹੀ ਆਸਾ ॥ ਜੋ ਦੀਸੈ ਸੋ ਹੋਇ ਬਿਨਾਸਾ ॥ ਬਰਨ ਸਹਿਤ ਜੋ ਜਾਪੈ ਨਾਮੁ ॥ ਸੋ ਜੋਗੀ ਕੇਵਲ ਨਿਹਕਾਮੁ ॥੧॥ ਪਰਚੈ ਰਾਮੁ ਰਵੈ ਜਉ ਕੋਈ ॥ ਪਾਰਸੁ ਪਰਸੈ ਦੁਬਿਧਾ ਨ ਹੋਈ ॥੧॥ ਰਹਾਉ ॥ ਸੋ ਮੁਨਿ ਮਨ ਕੀ ਦੁਬਿਧਾ ਖਾਇ ॥ ਬਿਨੁ ਦੁਆਰੇ ਤ੍ਰੈ ਲੋਕ ਸਮਾਇ ॥ ਮਨ ਕਾ ਸੁਭਾਉ ਸਭੁ ਕੋਈ ਕਰੈ ॥ ਕਰਤਾ ਹੋਇ ਸੁ ਅਨਭੈ ਰਹੈ ॥੨ ॥ ਫਲ ਕਾਰਨ ਫੂਲੀ ਬਨਰਾਇ ॥ ਫਲੁ ਲਾਗਾ ਤਬ ਫੂਲੁ ਬਿਲਾਇ ॥ ਗਿਆਨੈ ਕਾਰਨ ਕਰਮ ਅਭਿਆਸੁ ॥ ਗਿਆਨੁ ਭਇਆ ਤਹ ਕਰਮਹ ਨਾਸੁ ॥੩॥ ਘ੍ਰਿਤ ਕਾਰਨ ਦਧਿ ਮਥੈ ਸਇਆਨ ॥ ਜੀਵਤ ਮੁਕਤ ਸਦਾ ਨਿਰਬਾਨ ॥ ਕਹਿ ਰਵਿਦਾਸ ਪਰਮ ਬੈਰਾਗ ॥ ਰਿਦੈ ਰਾਮੁ ਕੀ ਨ ਜਪਸਿ ਅਭਾਗ ॥੪॥੧॥** {ਪੰਨਾ 1167}

ਨੋਟ:- ਸ਼ਬਦ ਦਾ ਮੁਖ -ਭਾਵ 'ਰਹਾਉ' ਦੀ ਤੁਕ ਵਿਚ ਹੋਇਆ ਕਰਦਾ ਹੈ , ਬਾਕੀ ਦੇ ਸ਼ਬਦ ਵਿਚ ਉਸ ਦੀ ਵਿਆਖਿਆ।

ਮੁੱਖ-ਭਾਵ:- ਜੋ ਮਨੁੱਖ ਨਾਮ ਸਿਮਰਦਾ ਹੈ ਉਸ ਦਾ ਮਨ ਪ੍ਰਭੂ ਵਿਚ ਪਰਚ ਜਾਂਦਾ ਹੈ ; ਪਾਰਸ-ਪ੍ਰਭੂ ਨੂੰ ਛੋਹ ਕੇ ਉਹ, ਮਾਨੋ, ਸੋਨਾ ਹੋ ਜਾਂਦਾ ਹੈ।

ਬਾਕੀ ਦੇ ਸ਼ਬਦ ਵਿਚ ਉਸ ਸੋਨਾ ਬਣ ਗਏ ਮਨੁੱਖ ਦੇ ਜੀਵਨ ਦੀ ਤਸਵੀਰ ਦਿੱਤੀ ਹੈ —(1) 'ਨਿਹਕਾਮੁ', ਵਾਸ਼ਨਾ-ਰਹਿਤ ਹੋ ਜਾਂਦਾ ਹੈ; (2) ਦੁਬਿਧਾ ਮਿਟ ਜਾਂਦੀ ਹੈ ਤੇ ਉਹ ਨਿਰਭਉ ਹੋ ਜਾਂਦਾ ਹੈ; (3) ਕਿਰਤ-ਕਾਰ ਦਾ ਮੋਹ ਮਿਟ ਜਾਂਦਾ ਹੈ ; (4) ਮੁੱਕਦੀ ਗੱਲ ਇਹ ਕਿ ਜਿਊਂਦਾ ਹੀ ਮੁਕਤ ਹੋ ਜਾਂਦਾ ਹੈ।

ਪਦਅਰਥ:- ਆਸਾ—(ਪਾਰਸ-ਪ੍ਰਭੂ ਨਾਲ ਛੋਹਣ ਦੀ ) ਤਾਂਘ। ਬਰਨ—ਵਰਣਨ, ਪ੍ਰਭੂ ਦੇ ਗੁਣਾਂ ਦਾ ਵਰਣਨ, ਸਿਫ਼ਤਿ-ਸਾਲਾਹ। ਸਹਿਤ —ਸਮੇਤ। ਜਾਪੈ —ਜਪਦਾ ਹੈ। ਨਿਹਕਾਮੁ —ਕਾਮਨਾ-ਰਹਿਤ, ਵਾਸ਼ਨਾ-ਰਹਿਤ।1।

ਪਰਚੈ—ਪਰਚ ਜਾਂਦਾ ਹੈ , ਗਿੱਝ ਜਾਂਦਾ ਹੈ , ਅਮੋੜ-ਪੁਣੇ ਵਲੋਂ ਹਟ ਜਾਂਦਾ ਹੈ , ਵਿਕਾਰਾਂ ਵਲੋਂ ਹਟ ਜਾਂਦਾ ਹੈ। ਜਉ—ਜਦੋਂ। ਪਰਸੈ—ਛੁੰਹਦਾ ਹੈ।1। ਰਹਾਉ।

ਖਾਇ—ਖਾ ਜਾਂਦਾ ਹੈ , ਮੁਕਾ ਦੇਂਦਾ ਹੈ। ਦੁਬਿਧਾ —ਦੁਚਿੱਤਾ-ਪਨ, ਮੇਰ-ਤੇਰ, ਪ੍ਰਭੂ ਨਾਲੋਂ ਵਖੇਵਾਂ। ਤ੍ਰੈਲੋਕ—ਤਿੰਨਾਂ ਲੋਕਾਂ ਵਿਚ ਵਿਆਪਕ ਪ੍ਰਭੂ ਵਿਚ। ਬਿਨੁ ਦੁਆਰੇ —ਜਿਸ ਪ੍ਰਭੂ ਦਾ ਦਸ ਦੁਆਰਿਆਂ ਵਾਲਾ ਸਰੀਰ ਨਹੀਂ ਹੈ। ਸਭੁ ਕੋਈ —ਹਰੇਕ ਜੀਵ। ਕਰਤਾ ਹੋਇ —(ਨਾਮ ਸਿਮਰਨ ਵਾਲਾ ਮਨੁੱਖ )

ਕਰਤਾਰ ਦਾ ਰੂਪ ਹੋ ਜਾਂਦਾ ਹੈ। ਅਨਭੈ—ਭੈ-ਰਹਿਤ ਅਵਸਥਾ ਵਿਚ।2।

ਕਾਰਨ—ਵਾਸਤੇ। ਬਨਰਾਇ—ਬਨਸਪਤੀ। ਫੂਲੀ—ਫੁੱਲਦੀ ਹੈ, ਖਿੜਦੀ ਹੈ। ਬਿਲਾਇ —ਦੂਰ ਹੋ ਜਾਂਦਾ ਹੈ। ਕਰਮ—ਦੁਨੀਆ ਦੀ ਕਿਰਤ-ਕਾਰ। ਅਭਿਆਸੁ—ਮੁੜ ਮੁੜ ਕਰਨਾ। ਕਰਮ ਅਭਿਆਸੁ—ਦੁਨੀਆ ਦੀ ਰੋਜ਼ਾਨਾ ਕਿਰਤ-ਕਾਰ। ਗਿਆਨੈ ਕਾਰਨ—ਗਿਆਨ ਦੀ ਖ਼ਾਤਰ, ਪ੍ਰਭੂ ਵਿਚ ਪਰਚਣ ਦੀ ਖ਼ਾਤਰ, ਉੱਚੇ ਜੀਵਨ ਦੀ ਸੂਝ ਵਾਸਤੇ, ਜੀਵਨ ਦਾ ਸਹੀ ਰਸਤਾ ਲੱਭਣ ਲਈ। ਤਹ—ਉਸ ਅਵਸਥਾ ਵਿਚ ਅੱਪੜ ਕੇ। ਕਰਮਹ ਨਾਸੁ—ਕਰਮਾਂ ਦਾ ਨਾਸ, ਕਿਰਤ-ਕਾਰ ਦਾ ਨਾਸ, ਕਿਰਤ-ਕਾਰ ਦੇ ਮੋਹ ਦਾ ਨਾਸ।3।

ਘ੍ਰਿਤ—ਘਿਉ। ਦਧਿ—ਨਹੀਂ। ਮਥੈ—ਰਿੜਕਦੀ ਹੈ। ਸਇਆਨ —ਸਿਆਣੀ ਇਸਤ੍ਰੀ। ਨਿਰਬਾਨ —ਵਾਸ਼ਨਾ-ਰਹਿਤ। ਕੀ ਨ—ਕਿਉਂ ਨਹੀਂ? ਅਭਾਗ—ਹੇ ਭਾਗ ਹੀਣ!।4।

ਅਰਥ:- ਜਦੋਂ ਕੋਈ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ ਤਾਂ ਉਸ ਦਾ ਮਨ ਪ੍ਰਭੂ ਵਿਚ ਪਰਚ ਜਾਂਦਾ ਹੈ; ਜਦੋਂ ਪਾਰਸ-ਪ੍ਰਭੂ ਨੂੰ ਉਹ ਛੁੰਹਦਾ ਹੈ (ਉਹ, ਮਾਨੋ, ਸੋਨਾ ਹੋ ਜਾਂਦਾ ਹੈ), ਤੇ, ਉਸ ਦੀ ਮੇਰ-ਤੇਰ ਮੁੱਕ ਜਾਂਦੀ ਹੈ।1। ਰਹਾਉ।

(ਪਰ ਪਾਰਸ-ਪ੍ਰਭੂ ਦੇ ਚਰਨ ਛੋਹਣੇ ਸੌਖਾ ਕੰਮ ਨਹੀਂ ਹੈ, ਕਿਉਂਕਿ ਉਹ ਇਹਨਾਂ ਅੱਖਾਂ ਨਾਲ ਦਿੱਸਦਾ ਨਹੀਂ ਹੈ, ਤੇ) ਉਸ ਨੂੰ ਵੇਖਣ ਤੋਂ ਬਿਨਾ (ਉਸ ਪਾਰਸ-ਪ੍ਰਭੂ ਦੇ ਚਰਣ ਛੋਹਣ ਦੀ ) ਤਾਂਘ ਪੈਦਾ ਨਹੀਂ ਹੁੰਦੀ, (ਇਸ ਦਿੱਸਦੇ ਸੰਸਾਰ ਨਾਲ ਹੀ ਮੋਹ ਬਣਿਆ ਰਹਿੰਦਾ ਹੈ,) ਤੇ, ਇਹ ਜੋ ਕੁਝ ਦਿੱਸਦਾ ਹੈ ਇਹ ਸਭ ਨਾਸ ਹੋ ਜਾਣ ਵਾਲਾ ਹੈ। ਜੋ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ , ਤੇ, ਪ੍ਰਭੂ ਦਾ ਨਾਮ ਜਪਦਾ ਹੈ , ਸਿਰਫ਼ ਉਹੀ ਅਸਲ ਜੋਗੀ ਹੈ ਤੇ ਉਹ ਕਾਮਨਾ-ਰਹਿਤ ਹੋ ਜਾਂਦਾ ਹੈ।1।

(ਨਾਮ ਸਿਮਰਨ ਵਾਲਾ) ਉਹ ਮਨੁੱਖ (ਅਸਲ) ਰਿਸ਼ੀ ਹੈ, ਉਹ (ਨਾਮ ਦੀ ਬਰਕਤਿ ਨਾਲ ) ਆਪਣੇ ਮਨ ਦੀ ਮੇਰ-ਤੇਰ ਮਿਟਾ ਲੈਂਦਾ ਹੈ, ਤੇ, ਉਸ ਪ੍ਰਭੂ ਵਿਚ ਸਮਾਇਆ ਰਹਿੰਦਾ ਹੈ ਜਿਸ ਦਾ ਕੋਈ ਖ਼ਾਸ ਸਰੀਰ ਨਹੀਂ ਹੈ। (ਜਗਤ ਵਿਚ) ਹਰੇਕ ਮਨੁੱਖ ਆਪੋ ਆਪਣੇ ਮਨ ਦਾ ਸੁਭਾਉ ਵਰਤਦਾ ਹੈ (ਆਪਣੇ ਮਨ ਦੇ ਪਿੱਛੇ ਤੁਰਦਾ ਹੈ ; ਪਰ ਨਾਮ ਸਿਮਰਨ ਵਾਲਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਨ ਦੇ ਥਾਂ , ਨਾਮ ਦੀ ਬਰਕਤਿ ਨਾਲ ) ਕਰਤਾਰ ਦਾ ਰੂਪ ਹੋ ਜਾਂਦਾ ਹੈ , ਤੇ, ਉਸ ਅਵਸਥਾ ਵਿਚ ਟਿਕਿਆ ਰਹਿੰਦਾ ਹੈ ਜਿੱਥੇ ਕੋਈ ਡਰ ਭਉ ਨਹੀਂ।2।

(ਜਗਤ ਦੀ ਸਾਰੀ) ਬਨਸਪਤੀ ਫਲ ਦੇਣ ਦੀ ਖ਼ਾਤਰ ਖਿੜਦੀ ਹੈ; ਜਦੋਂ ਫਲ ਲੱਗਦਾ ਹੈ ਫੁੱਲ ਦੂਰ ਹੋ

ਜਾਂਦਾ ਹੈ। ਇਸੇ ਤਰ੍ਹਾਂ ਦੁਨੀਆ ਦੀ ਰੋਜ਼ਾਨਾ ਕਿਰਤ -ਕਾਰ ਗਿਆਨ ਦੀ ਖ਼ਾਤਰ ਹੈ (ਪ੍ਰਭੂ ਵਿਚ ਪਰਚਣ ਲਈ ਹੈ, ਉੱਚ-ਜੀਵਨ ਦੀ ਸੂਝ ਲਈ ਹੈ ), ਜਦੋਂ ਉੱਚ-ਜੀਵਨ ਦੀ ਸੂਝ ਪੈਦਾ ਹੋ ਜਾਂਦੀ ਹੈ ਤਾਂ ਉਸ ਅਵਸਥਾ ਵਿਚ ਅੱਪੜ ਕੇ ਕਿਰਤ-ਕਾਰ ਦਾ (ਮਾਇਕ ਉੱਦਮਾਂ ਦਾ) ਮੋਹ ਮਿਟ ਜਾਂਦਾ ਹੈ।3।

ਨੋਟ:- ਪਾਠਕ ਜਨ 'ਰਹਾਉ' ਦੀ ਤੁਕ ਦਾ ਧਿਆਨ ਰੱਖਣ। ਸਾਰੇ ਸ਼ਬਦ ਵਿਚ ਉਸ ਜੀਵਨ ਦਾ ਵਿਸਥਾਰ ਹੈ ਜੋ ਨਾਮ ਸਿਮਰਿਆਂ ਬਣਦਾ ਹੈ; ਇਸ ਕੇਂਦਰੀ ਖ਼ਿਆਲ ਦੇ ਦੁਆਲੇ ਹੀ ਸਾਰੇ ਸ਼ਬਦ ਨੇ ਰਹਿਣਾ ਹੈ। ਕਿਸੇ ਕਰਮ -ਕਾਂਡ ਦਾ ਕੋਈ ਜ਼ਿਕਰ ਰਵਿਦਾਸ ਜੀ ਨੇ 'ਰਹਾਉ' ਦੀ ਤੁਕ ਵਿਚ ਨਹੀਂ ਛੇੜਿਆ। ਇਸ ਬੰਦ ਨੰ : 3 ਵਿਚ ਭੀ ਇਹ ਬੜੀ ਅਦ੍ਵੁਕਵੀਂ ਗੱਲ ਹੋਵੇਗੀ ਜੇ ਲਫ਼ਜ਼ 'ਕਰਮ' ਦਾ ਅਰਥ 'ਕਰਮ-ਕਾਂਡ' ਕੀਤਾ ਜਾਏ।

ਸਿਆਣੀ ਇਸਤ੍ਰੀ ਘਿਉ ਦੀ ਖ਼ਾਤਰ ਦਹੀਂ ਰਿੜਕਦੀ ਹੈ (ਤਿਵੇਂ ਜੋ ਮਨੁੱਖ ਨਾਮ ਜਪ ਕੇ ਪ੍ਰਭੂ -ਚਰਨਾਂ ਵਿਚ ਪਰਚਦਾ ਹੈ ਉਹ ਜਾਣਦਾ ਹੈ ਕਿ ਦੁਨੀਆ ਦਾ ਜੀਵਨ -ਨਿਰਬਾਹ, ਦੁਨੀਆ ਦੀ ਕਿਰਤ-ਕਾਰ ਪ੍ਰਭੂ-ਚਰਨਾਂ ਵਿਚ ਜੁੜਨ ਵਾਸਤੇ ਹੀ ਹੈ। ਸੋ , ਉਹ ਮਨੁੱਖ ਨਾਮ ਦੀ ਬਰਕਤਿ ਨਾਲ ) ਮਾਇਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮੁਕਤ ਹੁੰਦਾ ਹੈ ਤੇ ਸਦਾ ਵਾਸ਼ਨਾ -ਰਹਿਤ ਰਹਿੰਦਾ ਹੈ। ਰਵਿਦਾਸ ਇਹ ਸਭ ਤੋਂ ਉੱਚੇ ਵੈਰਾਗ (ਦੀ ਪ੍ਰਾਪਤੀ) ਦੀ ਗੱਲ ਦੱਸਦਾ ਹੈ ; ਹੇ ਭਾਗ-ਹੀਣ! ਪ੍ਰਭੂ ਤੇਰੇ ਹਿਰਦੇ ਵਿਚ ਹੀ ਹੈ, ਤੂੰ ਉਸ ਨੂੰ ਕਿਉਂ ਨਹੀਂ ਯਾਦ ਕਰਦਾ?।4।1।